ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id : pwdmohali@gmail.com Tel. & Fax No. 0172-2226328

ਵੱਲ;

Principal,
Smart Wonders School,
Sector-71, Mohali.

ਨੰ: 3773 ਮਿਤੀ: 13-4-2023

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- ਆਪ ਦੇ ਸਕੂਲ ਦਾ ਪੱਤਰ ਮਿਤੀ 20-03-2023

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਸਕੂਲ ਵੱਲੋਂ ਇੰਸਪੈਕਸ਼ਨ ਫੀਸ ਰੁ: 15,000/- ਜੀ. ਆਰ. ਨੰ: 4300037 ਮਿਤੀ 11-04-2023 ਰਾਹੀਂ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦੀ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2024 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ।

1 ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।

2 ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈਕ ਕਰਵਾਇਆ ਜਾਵੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ, ਐਸ. ਏ. ਐਸ. ਨਗਰ ਵਲੋਂ ਉਨ੍ਹਾਂ ਦੇ ਨੰ: NOC No. 2004-67459-Fire/48985 ਮਿਤੀ 14-03-2023 ਦੁਆਰਾ ਜਾਰੀ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਲਿਖਿਆ ਗਿਆ ਹੈ ਕਿ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨਿਅਰ, ਪ੍ਰਾਂਤਕ ਉਪ ਮੰਡਲ, ਲੋ:ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਨੂੰ ਉਨ੍ਹਾਂ ਦੇ ਪੱਤਰ ਨੰ: 119 ਮਿਤੀ 11-04-2023 ਦੇ ਹਵਾਲੇ ਵਿੱਚ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

Scanned with CamScanner